ਬਸੰਤੁ ਹਿੰਡੋਲ ਮਹਲਾ ੪ ਘਰੁ ੨ ੴ ਸਤਿਗੁਰ ਪ੍ਰਸਾਦਿ ॥ ਰਾਮ ਨਾਮੁ ਰਤਨ ਕੋਠੜੀ ਗੜ ਮੰਦਰਿ ਏਕ ਲੁਕਾਨੀ ॥ ਸਤਿਗੁਰੁ ਮਿਲੈ ਤ ਖੋਜੀਐ ਮਿਲਿ ਜੋਤੀ ਜੋਤਿ ਸਮਾਨੀ ॥੧॥ ਮਾਧੋ ਸਾਧੂ ਜਨ ਦੇਹੁ ਮਿਲਾਇ ॥ ਦੇਖਤ ਦਰਸੁ ਪਾਪ ਸਭਿ ਨਾਸਹਿ ਪਵਿਤ੍ਰ ਪਰਮ ਪਦੁ ਪਾਇ ॥੧॥ ਰਹਾਉ ॥ ਪੰਚ ਚੋਰ ਮਿਲਿ ਲਾਗੇ ਨਗਰੀਆ ਰਾਮ ਨਾਮ ਧਨੁ ਹਿਰਿਆ ॥ ਗੁਰਮਤਿ ਖੋਜ ਪਰੇ ਤਬ ਪਕਰੇ ਧਨੁ ਸਾਬਤੁ ਰਾਸਿ ਉਬਰਿਆ ॥੨॥ ਪਾਖੰਡ ਭਰਮ ਉਪਾਵ ਕਰਿ ਥਾਕੇ ਰਿਦ ਅੰਤਰਿ ਮਾਇਆ ਮਾਇਆ ॥ ਸਾਧੂ ਪੁਰਖੁ ਪੁਰਖਪਤਿ ਪਾਇਆ ਅਗਿਆਨ ਅੰਧੇਰੁ ਗਵਾਇਆ ॥੩॥ ਜਗੰਨਾਥ ਜਗਦੀਸ ਗੁਸਾਈ ਕਰਿ ਕਿਰਪਾ ਸਾਧੁ ਮਿਲਾਵੈ ॥ ਨਾਨਕ ਸਾਂਤਿ ਹੋਵੈ ਮਨ ਅੰਤਰਿ ਨਿਤ ਹਿਰਦੈ ਹਰਿ ਗੁਣ ਗਾਵੈ ॥੪॥੧॥੩॥
{ਪੰਨਾ 1178}

ਪਦਅਰਥ:- ਰਤਨ—ਸ੍ਰੇਸ਼ਟ ਆਤਮਕ ਗੁਣ। ਕੋਠੜੀ—ਸੋਹਣਾ ਜਿਹਾ ਕੋਠਾ, ਸੋਹਣਾ ਜਿਹਾ ਖ਼ਜ਼ਾਨਾ। ਰਤਨ ਕੋਠੜੀ—ਸ੍ਰੇਸ਼ਟ ਆਤਮਕ ਗੁਣਾਂ ਦਾ ਸੋਹਣਾ ਜਿਹਾ ਖ਼ਜ਼ਾਨਾ। ਗੜ—ਕਿਲ੍ਹਾ। ਮੰਦਰਿ—ਮੰਦਰ ਵਿਚ। ਗੜ ਮੰਦਰਿ—ਸਰੀਰ-ਕਿਲ੍ਹੇ ਵਿਚ, ਸਰੀਰ-ਮੰਦਰ ਵਿਚ। ਲੁਕਾਨੀ—ਗੁਪਤ ਹੈ। ਖੋਜੀਐ—ਖੋਜ ਕੀਤੀ ਜਾ ਸਕਦੀ ਹੈ, ਭਾਲੀ ਜਾ ਸਕਦੀ ਹੈ। ਮਿਲਿ—(ਗੁਰੂ ਨੂੰ) ਮਿਲ ਕੇ। ਜੋਤੀ—ਪ੍ਰਭੂ ਦੀ ਜੋਤਿ ਵਿਚ।1।

ਮਾਧੋ—ਹੇ ਮਾਇਆ ਦੇ ਖਸਮ! ਹੇ ਪ੍ਰਭੂ! ਸਾਧੂ—ਗੁਰੂ। ਸਭਿ—ਸਾਰੇ। ਨਾਸਹਿ—ਦੂਰ ਹੋ ਜਾਂਦੇ ਹਨ। ਪਰਮ ਪਦੁ—ਸਭ ਤੋਂ ਉੱਚਾ ਆਤਮਕ ਦਰਜਾ। ਪਾਇ—ਪ੍ਰਾਪਤ ਕਰ ਲੈਂਦਾ ਹੈ।1। ਰਹਾਉ।

ਪੰਚ ਚੋਰ—ਕਾਮਾਦਿਕ ਪੰਜ ਚੋਰ। ਲਾਗੇ—ਲੱਗੇ ਹੋਏ ਹਨ, ਸੰਨ੍ਹ ਲਾ ਰਹੇ ਹਨ। ਹਿਰਿਆ—ਚੁਰਾ ਲਿਆ ਹੈ। ਖੋਜ—ਖੁਰਾ, ਨਿਸ਼ਾਨ। ਪਕਰੇ—ਫੜੇ ਜਾਂਦੇ ਹਨ। ਉਬਰਿਆ—ਬਚ ਜਾਂਦਾ ਹੈ।2।

ਉਪਾਵ—{ਲਫ਼ਜ਼ 'ਉਪਾਉ' ਤੋਂ ਬਹੁ-ਵਚਨ} ਹੀਲੇ। ਰਿਦ—ਹਿਰਦਾ। ਪੁਰਖ ਪਤਿ—ਸਭ ਮਨੁੱਖਾਂ ਦਾ ਪਤੀ, ਸਭ ਮਨੁੱਖਾਂ ਨਾਲੋਂ ਸ੍ਰੇਸ਼ਟ। ਅਗਿਆਨ—ਆਤਮਕ ਜੀਵਨ ਵਲੋਂ ਬੇ-ਸਮਝੀ।3।

ਜਗੰਨਾਥ—ਜਗਤ ਦਾ ਨਾਥ। ਜਗਦੀਸ—ਜਗਤ ਦਾ ਈਸ਼੍ਵਰ। ਗੁਸਾਈ—ਧਰਤੀ ਦਾ ਖਸਮ। ਸਾਧੁ—ਗੁਰੂ। ਅੰਤਰਿ—ਅੰਦਰ, ਵਿਚ। ਹਿਰਦੈ—ਹਿਰਦੇ ਵਿਚ। ਗਾਵੈ—ਗਾਂਦਾ ਹੈ।4।

ਅਰਥ:- ਹੇ ਮਾਇਆ ਦੇ ਖਸਮ ਪ੍ਰਭੂ! (ਮੈਨੂੰ) ਦਾਸ ਨੂੰ ਗੁਰੂ ਮਿਲਾ ਦੇ। ਗੁਰੂ ਦਾ ਦਰਸਨ ਕਰਦਿਆਂ ਸਾਰੇ ਪਾਪ ਨਾਸ ਹੋ ਜਾਂਦੇ ਹਨ। (ਜਿਹੜਾ ਮਨੁੱਖ ਗੁਰੂ ਦਾ ਦਰਸਨ ਕਰਦਾ ਹੈ, ਉਹ) ਪਵਿੱਤਰ ਅਤੇ ਸਭ ਤੋਂ ਉੱਚਾ ਆਤਮਕ ਦਰਜਾ ਹਾਸਲ ਕਰ ਲੈਂਦਾ ਹੈ।1। ਰਹਾਉ।

ਹੇ ਭਾਈ! ਪਰਮਾਤਮਾ ਦਾ ਨਾਮ ਸ੍ਰੇਸ਼ਟ ਆਤਮਕ ਗੁਣਾਂ ਦਾ ਸੋਹਣਾ ਜਿਹਾ ਖ਼ਜ਼ਾਨਾ ਹੈ, ਇਹ ਖ਼ਜ਼ਾਨਾ ਸਰੀਰ-ਕਿਲ੍ਹੇ ਵਿਚ ਸਰੀਰ-ਮੰਦਰ ਵਿਚ ਗੁਪਤ ਪਿਆ ਰਹਿੰਦਾ ਹੈ। ਜਦੋਂ (ਮਨੁੱਖ ਨੂੰ) ਗੁਰੂ ਮਿਲਦਾ ਹੈ ਤਦੋਂ (ਉਸ ਖ਼ਜ਼ਾਨੇ ਦੀ) ਭਾਲ ਕੀਤੀ ਜਾ ਸਕਦੀ ਹੈ। (ਗੁਰੂ ਨੂੰ) ਮਿਲ ਕੇ ਮਨੁੱਖ ਦੀ ਜਿੰਦ ਪਰਮਾਤਮਾ ਦੀ ਜੋਤਿ ਵਿਚ ਲੀਨ ਹੋ ਜਾਂਦੀ ਹੈ।1।

ਹੇ ਭਾਈ! (ਮਨੁੱਖ ਦੇ ਇਸ ਸਰੀਰ-) ਨਗਰ ਵਿਚ (ਕਾਮਾਦਿਕ) ਪੰਜ ਚੋਰ ਮਿਲ ਕੇ ਸੰਨ੍ਹ ਲਾਈ ਰੱਖਦੇ ਹਨ, ਅਤੇ (ਮਨੁੱਖ ਦੇ ਅੰਦਰੋਂ) ਪਰਮਾਤਮਾ ਦਾ ਨਾਮ-ਧਨ ਚੁਰਾ ਲੈਂਦੇ ਹਨ। ਜਦੋਂ ਕੋਈ ਮਨੁੱਖ ਗੁਰੂ ਦੀ ਮਤਿ ਲੈ ਕੇ ਇਹਨਾਂ ਦਾ ਖੁਰਾ ਨਿਸ਼ਾਨ ਲੱਭਦਾ ਹੈ ਤਦੋਂ (ਇਹ ਚੋਰ) ਫੜੇ ਜਾਂਦੇ ਹਨ, ਅਤੇ ਉਸ ਮਨੁੱਖ ਦਾ ਨਾਮ-ਧਨ ਨਾਮ-ਸਰਮਾਇਆ ਸਾਰੇ ਦਾ ਸਾਰਾ ਬਚ ਜਾਂਦਾ ਹੈ।2।

ਹੇ ਭਾਈ! ਧਰਮ ਦੇ ਵਿਖਾਵੇ ਵਾਲੇ ਅਤੇ ਭਰਮਾਂ-ਵਹਿਮਾਂ ਵਾਲੇ ਹੀਲੇ ਕਰ ਕੇ (ਮਨੁੱਖ) ਥੱਕ ਜਾਂਦੇ ਹਨ ਉਹਨਾਂ ਦੇ ਹਿਰਦੇ ਵਿਚ ਸਦਾ ਮਾਇਆ (ਦੀ ਤ੍ਰਿਸ਼ਨਾ ਹੀ ਟਿਕੀ ਰਹਿੰਦੀ ਹੈ)। ਪਰ ਜਿਸ ਮਨੁੱਖ ਨੂੰ ਸ੍ਰੇਸ਼ਟ ਪੁਰਖ ਗੁਰੂ ਮਿਲ

ਪੈਂਦਾ ਹੈ, ਉਹ ਮਨੁੱਖ ਆਪਣੇ ਅੰਦਰੋਂ ਆਤਮਕ ਜੀਵਨ ਵੱਲੋਂ ਬੇ-ਸਮਝੀ ਦਾ ਹਨੇਰਾ ਦੂਰ ਕਰ ਲੈਂਦਾ ਹੈ।3।

ਹੇ ਨਾਨਕ! ਜਗਤ ਦਾ ਨਾਥ, ਜਗਤ ਦਾ ਮਾਲਕ, ਜਗਤ ਦਾ ਖਸਮ ਮਿਹਰ ਕਰ ਕੇ ਜਿਸ ਮਨੁੱਖ ਨੂੰ ਗੁਰੂ ਮਿਲਾਂਦਾ ਹੈ, ਉਸ ਮਨੁੱਖ ਦੇ ਮਨ ਵਿਚ ਆਤਮਕ ਅਡੋਲਤਾ ਬਣੀ ਰਹਿੰਦੀ ਹੈ, ਉਹ ਮਨੁੱਖ ਆਪਣੇ ਹਿਰਦੇ ਵਿਚ ਸਦਾ ਪਰਮਾਤਮਾ ਦੇ ਗੁਣ ਗਾਂਦਾ ਰਹਿੰਦਾ ਹੈ।4।1।3।

ਨੋਟ:- ਸਿਰ-ਲੇਖ ਅਨੁਸਾਰ ਇਹ ਸ਼ਬਦ ਬਸੰਤ ਅਤੇ ਹਿੰਡੋਲ ਦੋਹਾਂ ਮਿਲਵੇਂ ਰਾਗਾਂ ਵਿਚ ਗਾਏ ਜਾਣੇ ਹਨ।